ਗਉੜੀ ਗੁਆਰੇਰੀ ਮਹਲਾ ੩ ॥ ਗੁਰ ਸੇਵਾ ਜੁਗ ਚਾਰੇ ਹੋਈ ॥ ਪੂਰਾ ਜਨੁ ਕਾਰ ਕਮਾਵੈ ਕੋਈ ॥ ਅਖੁਟੁ ਨਾਮ ਧਨੁ ਹਰਿ ਤੋਟਿ ਨ ਹੋਈ ॥ ਐਥੈ ਸਦਾ ਸੁਖੁ ਦਰਿ ਸੋਭਾ ਹੋਈ ॥੧॥ ਏ ਮਨ ਮੇਰੇ ਭਰਮੁ ਨ ਕੀਜੈ ॥ ਗੁਰਮੁਖਿ ਸੇਵਾ ਅੰਮ੍ਰਿਤ ਰਸੁ ਪੀਜੈ ॥ ੧॥ ਰਹਾਉ ॥ ਸਤਿਗੁਰੁ ਸੇਵਹਿ ਸੇ ਮਹਾਪੁਰਖ ਸੰਸਾਰੇ ॥ ਆਪਿ ਉਧਰੇ ਕੁਲ ਸਗਲ ਨਿਸਤਾਰੇ ॥ ਹਰਿ ਕਾ ਨਾਮੁ ਰਖਹਿ ਉਰ ਧਾਰੇ ॥ ਨਾਮਿ ਰਤੇ ਭਉਜਲ ਉਤਰਹਿ ਪਾਰੇ ॥੨॥ ਸਤਿਗੁਰੁ ਸੇਵਹਿ ਸਦਾ ਮਨਿ ਦਾਸਾ ॥ ਹਉਮੈ ਮਾਰਿ ਕਮਲੁ ਪਰਗਾਸਾ ॥ ਅਨਹਦੁ ਵਾਜੈ ਨਿਜ ਘਰਿ ਵਾਸਾ ॥ ਨਾਮਿ ਰਤੇ ਘਰ ਮਾਹਿ ਉਦਾਸਾ ॥੩॥ ਸਤਿਗੁਰੁ ਸੇਵਹਿ ਤਿਨ ਕੀ ਸਚੀ ਬਾਣੀ ॥ ਜੁਗੁ ਜੁਗੁ ਭਗਤੀ ਆਖਿ ਵਖਾਣੀ ॥ ਅਨਦਿਨੁ ਜਪਹਿ ਹਰਿ ਸਾਰੰਗਪਾਣੀ ॥ ਨਾਨਕ ਨਾਮਿ ਰਤੇ ਨਿਹਕੇਵਲ ਨਿਰਬਾਣੀ ॥੪॥੧੩॥੩੩॥ {ਪੰਨਾ 161}

ਪਦਅਰਥ:- ਗੁਰ ਸੇਵਾ—ਗੁਰੂ ਦੀ ਦੱਸੀ ਸੇਵਾ-ਭਗਤੀ। ਐਥੈ—ਇਸ ਲੋਕ ਵਿਚ। ਦਰਿ—ਪ੍ਰਭੂ ਦੀ ਹਜ਼ੂਰੀ ਵਿਚ।1।

ਭਰਮੁ—ਸ਼ੱਕ। ਅੰਮ੍ਰਿਤ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ।1। ਰਹਾਉ।

ਸੰਸਾਰੇ—ਸੰਸਾਰਿ, ਸੰਸਾਰ ਵਿਚ। ਉਰ—ਹਿਰਦਾ {ars`}। ਭਉਜਲ—ਸੰਸਾਰ-ਸਮੁੰਦਰ।2।

ਮਨਿ—ਮਨ ਵਿਚ। ਕਮਲੁ—ਹਿਰਦਾ-ਕਮਲ। ਅਨਹਦੁ—ਇਕ-ਰਸ {Anwhq—ਬਿਨਾ ਵਜਾਏ}।3।

ਸਚੀ—ਸਦਾ-ਥਿਰ। ਭਗਤੀ—ਭਗਤਾਂ ਨੇ। ਆਖਿ—ਆਖ ਕੇ, ਉਚਾਰ ਕੇ। ਸਾਰੰਗਪਾਣੀ—ਪਰਮਾਤਮਾ {ਸਾਰੰਗ—ਧਨੁਖ। ਪਾਣੀ—ਹੱਥ। ਜਿਸ ਦੇ ਹੱਥ ਵਿਚ ਧਨੁਖ ਹੈ}। ਨਿਰਬਾਣੀ—ਵਾਸਨਾ-ਰਹਿਤ। ਨਿਹਕੇਵਲ—ਸੁੱਧ {inÕkYvÑX}।4।

ਅਰਥ:- ਹੇ ਮੇਰੇ ਮਨ! (ਗੁਰੂ ਦੀ ਦੱਸੀ ਸਿੱਖਿਆ ਉਤੇ) ਸ਼ੱਕ ਨਹੀਂ ਕਰਨਾ ਚਾਹੀਦਾ, ਗੁਰੂ ਦੀ ਦੱਸੀ ਸੇਵਾ-ਭਗਤੀ ਕਰ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਰਸ ਪੀਣਾ ਚਾਹੀਦਾ ਹੈ।1। ਰਹਾਉ।

ਗੁਰੂ ਦੀ ਦੱਸੀ ਸੇਵਾ ਕਰਨ ਦਾ ਨਿਯਮ ਸਦਾ ਤੋਂ ਹੀ ਚਲਿਆ ਆ ਰਿਹਾ ਹੈ (ਚੌਹਾਂ ਜੁਗਾਂ ਵਿਚ ਹੀ ਪਰਵਾਨ ਹੈ)। ਕੋਈ ਪੂਰਨ ਮਨੁੱਖ ਹੀ ਗੁਰੂ ਦੀ ਦੱਸੀ ਕਾਰ (ਪੂਰੀ ਸ਼ਰਧਾ ਨਾਲ) ਕਰਦਾ ਹੈ (ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਪੂਰੀ ਸ਼ਰਧਾ ਨਾਲ ਕਰਦਾ ਹੈ ਉਹ) ਕਦੇ ਨਾਹ ਮੁਕਣ ਵਾਲਾ ਹਰਿ-ਨਾਮ-ਧਨ (ਇਕੱਠਾ ਕਰ ਲੈਂਦਾ ਹੈ, ਉਸ ਧਨ ਵਿਚ ਕਦੇ) ਘਾਟਾ ਨਹੀਂ ਪੈਂਦਾ। (ਇਹ ਨਾਮ-ਧਨ ਇਕੱਠਾ ਕਰਨ ਵਾਲਾ ਮਨੁੱਖ) ਇਸ ਲੋਕ ਵਿਚ ਸਦਾ ਆਤਮਕ ਆਨੰਦ ਮਾਣਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ ਭੀ ਉਸ ਨੂੰ ਸੋਭਾ ਮਿਲਦੀ ਹੈ।1।

ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਸੰਸਾਰ ਵਿਚ ਮਹਾ ਪੁਰਖ ਮੰਨੇ ਜਾਂਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦੇ ਹਨ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ, ਉਹ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਸੰਭਾਲ ਰੱਖਦੇ ਹਨ। ਪ੍ਰਭੂ-ਨਾਮ (ਦੇ ਰੰਗ) ਵਿਚ ਰੰਗੇ ਹੋਏ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।2।

ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਆਪਣੇ ਮਨ ਵਿਚ ਸਦਾ (ਸਭਨਾਂ ਦੇ) ਦਾਸ ਬਣੇ ਰਹਿੰਦੇ ਹਨ, ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੇ ਹਨ ਤੇ ਉਹਨਾਂ ਦਾ ਹਿਰਦਾ-ਕਮਲ ਖਿੜਿਆ ਰਹਿੰਦਾ ਹੈ। ਉਹਨਾਂ ਦੇ ਅੰਦਰ (ਸਿਫ਼ਤਿ-ਸਾਲਾਹ ਦਾ, ਮਾਨੋ, ਵਾਜਾ) ਇਕ-ਰਸ ਵੱਜਦਾ ਰਹਿੰਦਾ ਹੈ, ਉਹਨਾਂ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹੈ। ਪ੍ਰਭੂ-ਨਾਮ ਵਿਚ ਰੰਗੇ ਹੋਏ ਉਹ ਮਨੁੱਖ ਗ੍ਰਿਹਸਤ ਵਿਚ ਰਹਿੰਦੇ ਹੋਏ ਭੀ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦੇ ਹਨ।3।

ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਉਚਾਰੀ ਹੋਈ) ਉਹਨਾਂ ਦੀ ਬਾਣੀ ਸਦਾ ਲਈ ਅਟੱਲ ਹੋ ਜਾਂਦੀ ਹੈ, ਹਰੇਕ ਜੁਗ ਵਿਚ (ਸਦਾ ਹੀ) ਭਗਤ ਜਨ ਉਹ ਬਾਣੀ ਉਚਾਰ ਕੇ (ਹੋਰਨਾਂ ਨੂੰ ਭੀ) ਸੁਣਾਂਦੇ ਹਨ। ਉਹ ਮਨੁੱਖ ਹਰ ਰੋਜ਼ ਸਾਰੰਗ-ਪਾਣੀ ਪ੍ਰਭੂ ਦਾ ਨਾਮ ਜਪਦੇ ਰਹਿੰਦੇ ਹਨ। ਹੇ ਨਾਨਕ! ਜੇਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ, ਉਹਨਾਂ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ, ਉਹ ਵਾਸਨਾ-ਰਹਿਤ ਹੋ ਜਾਂਦੇ ਹਨ।4।13। 33।